ਸੋਰਠਿ ਮਹਲਾ ੫ ॥ ਪਾਰਬ੍ਰਹਮਿ ਨਿਬਾਹੀ ਪੂਰੀ ॥ ਕਾਈ ਬਾਤ ਨ ਰਹੀਆ ਊਰੀ ॥ ਗੁਰਿ ਚਰਨ ਲਾਇ ਨਿਸਤਾਰੇ ॥ ਹਰਿ ਹਰਿ ਨਾਮੁ ਸਮ੍ਾਰੇ ॥੧॥ ਅਪਨੇ ਦਾਸ ਕਾ ਸਦਾ ਰਖਵਾਲਾ ॥ ਕਰਿ ਕਿਰਪਾ ਅਪੁਨੇ ਕਰਿ ਰਾਖੇ ਮਾਤ ਪਿਤਾ ਜਿਉ ਪਾਲਾ ॥੧॥ ਰਹਾਉ ॥ ਵਡਭਾਗੀ ਸਤਿਗੁਰੁ ਪਾਇਆ ॥ ਜਿਨਿ ਜਮ ਕਾ ਪੰਥੁ ਮਿਟਾਇਆ ॥ ਹਰਿ ਭਗਤਿ ਭਾਇ ਚਿਤੁ ਲਾਗਾ ॥ ਜਪਿ ਜੀਵਹਿ ਸੇ ਵਡਭਾਗਾ ॥ ੨॥ ਹਰਿ ਅੰਮ੍ਰਿਤ ਬਾਣੀ ਗਾਵੈ ॥ ਸਾਧਾ ਕੀ ਧੂਰੀ ਨਾਵੈ ॥ ਅਪੁਨਾ ਨਾਮੁ ਆਪੇ ਦੀਆ ॥ ਪ੍ਰਭ ਕਰਣਹਾਰ ਰਖਿ ਲੀਆ ॥੩॥ ਹਰਿ ਦਰਸਨ ਪ੍ਰਾਨ ਅਧਾਰਾ ॥ ਇਹੁ ਪੂਰਨ ਬਿਮਲ ਬੀਚਾਰਾ ॥ ਕਰਿ ਕਿਰਪਾ ਅੰਤਰਜਾਮੀ ॥ ਦਾਸ ਨਾਨਕ ਸਰਣਿ ਸੁਆਮੀ ॥੪॥੮॥੫੮॥ {ਪੰਨਾ 623}

ਪਦਅਰਥ:- ਪਾਰਬ੍ਰਹਮਿ—ਪਾਰਬ੍ਰਹਮ ਨੇ। ਊਰੀ—ਊਣੀ, ਘੱਟ। ਗੁਰਿ—ਗੁਰੂ ਨੇ। ਨਿਸਤਾਰੇ—(ਸੰਸਾਰ ਸਾਗਰ ਤੋਂ) ਪਾਰ ਲੰਘਾ ਦਿੱਤੇ। ਸਮ੍ਾਰੇ—ਸੰਭਾਲਦਾ ਹੈ, ਹਿਰਦੇ ਵਿਚ ਵਸਾਈ ਰੱਖਦਾ ਹੈ।1।

ਕਰਿ—ਬਣਾ ਕੇ। ਜਿਉ—ਜਿਉਂ, ਵਾਂਗ।1। ਰਹਾਉ।

ਵਡਭਾਗੀ—ਵੱਡੇ ਭਾਗਾਂ ਵਾਲਿਆਂ ਨੇ। ਜਿਨਿ—ਜਿਸ (ਗੁਰੂ) ਨੇ। ਪੰਥੁ—ਰਸਤਾ। ਭਾਇ—ਪਿਆਰ ਵਿਚ। ਜੀਵਹਿ—ਜੀਊਂਦੇ ਹਨ, ਆਤਮਕ ਜੀਵਨ ਪ੍ਰਾਪਤ ਕਰਦੇ ਹਨ।2।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ। ਨਾਵੈ—ਨ੍ਹਾਵੈ। ਆਪੇ—ਆਪ ਹੀ।3।

ਅਧਾਰਾ—ਆਸਰਾ। ਬਿਮਲ—ਸੁੱਧ, ਪਵਿਤ੍ਰ। ਅੰਤਰਜਾਮੀ—ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ!।4।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਸਦਾ ਰਾਖਾ ਬਣਿਆ ਰਹਿੰਦਾ ਹੈ। ਜਿਵੇਂ ਮਾਪੇ (ਬੱਚਿਆਂ ਨੂੰ) ਪਾਲਦੇ ਹਨ, ਤਿਵੇਂ ਪ੍ਰਭੂ ਕਿਰਪਾ ਕਰ ਕੇ ਆਪਣੇ ਸੇਵਕਾਂ ਨੂੰ ਆਪਣੇ ਬਣਾਈ ਰੱਖਦਾ ਹੈ।1। ਰਹਾਉ।

(ਹੇ ਭਾਈ! ਸਦਾ ਤੋਂ ਹੀ) ਪਰਮਾਤਮਾ ਨੇ ਆਪਣੇ ਸੇਵਕ ਨਾਲ ਪ੍ਰੀਤਿ ਤੋੜ ਤਕ ਨਿਬਾਹੀ ਹੈ। ਸੇਵਕ ਨੂੰ ਕਿਸੇ ਗੱਲੇ ਕੋਈ ਕਮੀ ਨਹੀਂ ਰਹਿੰਦੀ। ਸੇਵਕ ਸਦਾ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸੰਭਾਲ ਰੱਖਦਾ ਹੈ। ਗੁਰੂ ਨੇ (ਸੇਵਕਾਂ ਨੂੰ ਸਦਾ ਹੀ) ਚਰਨੀਂ ਲਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਇਆ ਹੈ।1।

ਹੇ ਭਾਈ! ਵੱਡੇ ਭਾਗਾਂ ਵਾਲੇ ਮਨੁੱਖਾਂ ਨੇ (ਉਹ) ਗੁਰੂ ਲੱਭ ਲਿਆ, ਜਿਸ (ਗੁਰੂ) ਨੇ (ਉਹਨਾਂ ਵਾਸਤੇ) ਜਮ ਦੇ ਦੇਸ ਨੂੰ ਲੈ ਜਾਣ ਵਾਲਾ ਰਸਤਾ ਮਿਟਾ ਦਿੱਤਾ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹਨਾਂ ਦਾ ਮਨ ਪਰਮਾਤਮਾ ਦੀ ਭਗਤੀ ਵਿਚ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ। ਉਹ ਵਡ-ਭਾਗੀ ਮਨੁੱਖ ਪਰਮਾਤਮਾ ਦਾ ਨਾਮ ਜਪ ਜਪ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦੇ ਹਨ।2।

(ਹੇ ਭਾਈ! ਪਰਮਾਤਮਾ ਦਾ ਸੇਵਕ) ਪਰਮਾਤਮਾ ਦੀ ਆਤਮਿਕ ਜੀਵਨ ਦੇਣ ਵਾਲੀ ਬਾਣੀ ਗਾਂਦਾ ਰਹਿੰਦਾ ਹੈ, ਸੇਵਕ ਗੁਰਮੁਖਾਂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਰਹਿੰਦਾ ਹੈ (ਆਪਾ-ਭਾਵ ਮਿਟਾ ਕੇ ਸੰਤ ਜਨਾਂ ਦੀ ਸ਼ਰਨ ਪਿਆ ਰਹਿੰਦਾ ਹੈ)। ਪਰਮਾਤਮਾ ਨੇ ਆਪ ਹੀ (ਆਪਣੇ ਸੇਵਕ ਨੂੰ) ਆਪਣਾ ਨਾਮ ਬਖ਼ਸ਼ਿਆ ਹੈ, ਸਿਰਜਣਹਾਰ ਪ੍ਰਭੂ ਨੇ ਆਪ ਹੀ (ਸਦਾ ਤੋਂ ਆਪਣੇ ਸੇਵਕ ਨੂੰ ਵਿਕਾਰਾਂ ਤੋਂ) ਬਚਾਇਆ ਹੈ।3।

ਹੇ ਭਾਈ! (ਪ੍ਰਭੂ ਦੇ ਸੇਵਕ ਦਾ) ਇਹ ਪਵਿਤ੍ਰ ਤੇ ਪੂਰਨ ਵਿਚਾਰ ਬਣਿਆ ਰਹਿੰਦਾ ਹੈ ਕਿ ਪਰਮਾਤਮਾ ਦਾ ਦਰਸ਼ਨ ਹੀ (ਸੇਵਕ ਦੀ) ਜ਼ਿੰਦਗੀ ਦਾ ਆਸਰਾ ਹੈ। ਹੇ ਦਾਸ ਨਾਨਕ! (ਤੂੰ ਭੀ ਪ੍ਰਭੂ-ਦਰ ਤੇ ਅਰਦਾਸ ਕਰ, ਤੇ, ਆਖ—) ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ! ਹੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੀ ਸ਼ਰਨ ਆਇਆ ਹਾਂ।4।8। 58।